"ਘਰ ਘਰ ਰੋਜ਼ਗਾਰ"

# ਦਫ਼ਤਰ ਡਾਇਰੈਕਟਰ, ਸਿੱਖਿਆ ਭਰਤੀ ਡਾਇਰੈਕਟੋਰੇਟ, ਪੰਜਾਬ

(ਮਾਈਕਰੋਸਾਫਟ ਬਿਲਡਿੰਗ) ਨੇੜੇ ਗੁਰੂਦੁਆਰਾ ਸਾਚਾ ਧੰਨ
ਫੇਜ-3 ਬੀ-1 ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਮੋਹਾਲੀ)
ਈਮੇਲ - www.educationrecruitmentboard.com

**ਵਿਗਿਆਪਨ ਨੰ. 9/1-2021ਭਡ(5)/2021**33582) **ਮਿਤੀ:-** 01-10-2021

## ਜਨਤਕ ਨਿਯੁਕਤੀਆਂ

"ਘਰ ਘਰ ਰੋਜ਼ਗਾਰ" ਯੋਜਨਾ ਤਹਿਤ ਮੈਰੀਟੋਰੀਅਸ ਸੁਸਾਇਟੀ, ਪੰਜਾਬ ਦੇ ਪੱਤਰ ਨੰ. MS/301(A)/165079/2021/1847-49 ਮਿਤੀ 24-09-2021 ਅਨੁਸਾਰ ਮੈਰੀਟੋਰੀਅਸ ਸਕੂਲਾਂ ਵਿੱਚ English Lecturer ਦੀਆਂ 08 ਅਸਾਮੀਆਂ (ਕੰਟਰੈਕਟ ਤੇ) ਨੂੰ ਭਰਨ ਲਈ ਯੋਗ ਉਮੀਦਵਾਰਾਂ ਪਾਸੋਂ, ਵਿਭਾਗ ਦੀ ਵੈੱਬ ਸਾਈਟ www.educationrecruitmentboard.com ਤੇ ਆਨਲਾਈਨ ਦਰਖਾਸਤਾਂ ਦੀ ਮੰਗ ਮਿਤੀ 20-10-2021 ਤੱਕ ਕੀਤੀ ਜਾਂਦੀ ਹੈ। ਉਪਰੋਕਤ ਅਸਾਮੀਆਂ ਦੀ ਕੈਟਾਗਰੀ ਵਾਈਜ ਵੰਡ ਹੇਠ ਲਿਖੇ ਅਨੁਸਾਰ ਹੈ:-

1. **ਅਸਾਮੀਆਂ ਦੀ ਵੰਡ (ਅਸਾਮੀਆਂ-08)**

| Name of Post | Category | Number of posts | Total posts to be filled |
|---|---|---|---|
| Lecturer English | General | 3 | 08 |
| | General (Female) | 1 | |
| | SC (Female) (M&B) | 1 | |
| | SC (M&B) | 1 | |
| | BC (Female) | 1 | |
| | Ex. Serviceman (Female) | 1 | |

ਅਸਾਮੀਆਂ ਦੀ ਗਿਣਤੀ ਬਿਨ੍ਹਾਂ ਕਿਸੇ ਨੋਟਿਸ ਤੋਂ ਘਟਾਈਆਂ ਵਧਾਈਆਂ ਜਾ ਸਕਦੀਆਂ ਹਨ।

2. **ਵਿਦਿਅਕ ਯੋਗਤਾ:-**

i) Should have passed M.A. in English at least with 55% marks and should have passed B.Ed with teaching subject English from a recognized university or institution as per guidelines of the University Grants Commission and should have studied English as an elective subject in Graduation for a period of three years.

ii) However, the relaxation to SC/ST, Backward Caste and physically disabled candidates shall be upto 5% as per the Punjab Government rules.

iii) Knowledge of Punjabi Language of Matriculation Standard.

3. **ਚੋਣ ਦਾ ਢੰਗ:-**

ਇਹਨਾਂ ਆਸਮੀਆਂ ਦੀ ਭਰਤੀ ਕਰਨ ਸਬੰਧੀ ਸਟੇਟ ਪੱਧਰ ਤੇ 150 ਅੰਕਾਂ ਦਾ ਲਿਖਤੀ ਟੈਸਟ ਲਿਆ ਜਾਵੇਗਾ. ਜੋ ਇਹਨਾਂ ਆਸਮੀਆਂ ਲਈ ਦਰਸਾਈਆਂ ਗਈਆਂ ਵਿਦਿਅਕ/ਪ੍ਰੋਫੈਸ਼ਨਲ ਯੋਗਤਾਵਾਂ ਲਈ ਨਿਰਧਾਰਿਤ ਹੋਰ ਸ਼ਰਤਾਂ ਪੂਰੀਆਂ ਕਰਦੇ ਹੋਣਗੇ ਉਹਨਾਂ ਉਮੀਦਵਾਰਾਂ ਦੀ ਮੈਰਿਟ ਨਿਰੋਲ ਲਿਖਤੀ ਟੈਸਟ ਦੇ ਆਧਾਰ ਤੇ ਬਣਾਈ ਜਾਵੇਗੀ।

(ਜੇਕਰ ਇੱਕ ਤੋਂ ਵੱਧ ਉਮੀਦਵਾਰਾਂ ਦੇ ਲਿਖਤੀ ਟੈਸਟ ਵਿਚੋਂ ਬਰਾਬਰ ਅੰਕ ਆਉਂਦੇ ਹਨ ਤਾਂ ਜਿਸ ਉਮੀਦਵਾਰ ਦੀ ਉਮਰ ਵੱਧ ਹੋਵੇਗੀ, ਉਸਨੂੰ ਮੈਰਿਟ ਵਿੱਚ ਪਹਿਲਾਂ ਰੱਖਿਆ ਜਾਵੇਗਾ ਅਤੇ ਜੇਕਰ ਇੱਕ ਤੋਂ ਵੱਧ ਉਮੀਦਵਾਰਾਂ ਦੇ ਅੰਕ ਅਤੇ ਉਮਰ ਦੋਨੋਂ ਇਕੋਂ ਜਿਹੇ ਹੋਣਗੇ ਤਾਂ ਉਮੀਦਵਾਰਾਂ ਦੇ ਪੋਸਟ ਗ੍ਰੈਜੂਏਸ਼ਨ ਵਿੱਚ ਵੱਧ ਪ੍ਰਤੀਸ਼ਤ ਅੰਕ ਹੋਣਗੇ, ਉਸ ਨੂੰ ਮੈਰਿਟ ਵਿੱਚ ਪਹਿਲਾਂ ਰੱਖਿਆ ਜਾਵੇਗਾ।

4. **ਅਦਾਇਗੀ ਯੋਗ ਰਕਮ:-**

ਚੁਣੇ ਗਏ ਲੈਕਚਰਾਰਾਂ ਨੂੰ 38750+1500 (**Residential Allowance (Fixed)** ਪ੍ਰਤੀ ਮਹੀਨਾ ਉੱਕਾ-ਪੁੱਕਾ ਦਿੱਤੀ ਤਨਖਾਹ ਜਾਵੇਗੀ।

5. **ਉਮਰ ਸੀਮਾ:-**

i) ਮਿਤੀ 01.01.2021 ਨੂੰ ਉਮਰ 18 ਤੋਂ 37 ਸਾਲ ਦਰਮਿਆਨ ਹੋਵੇ।

ii) ਪੰਜਾਬ ਰਾਜ ਦੇ ਅਨੁਸੂਚਿਤ ਜਾਤੀ ਅਤੇ ਪੱਛੜੀ ਸ਼੍ਰੇਣੀ ਦੇ ਉਮੀਦਵਾਰਾਂ ਦੀ ਉਪਰਲੀ ਉਮਰ ਸੀਮਾਂ ਦੀ ਹੱਦ ਵਿੱਚ 5 ਸਾਲ ਦੀ ਛੋਟ ਹੋਵੇਗੀ।

iii) ਪੰਜਾਬ, ਹੋਰ ਰਾਜਾਂ ਅਤੇ ਕੇਂਦਰੀ ਸਰਕਾਰ ਦੇ ਕਰਮਚਾਰੀਆਂ ਦੀ ਉਪਰਲੀ ਸੀਮਾ ਵਿੱਚ ਪੰਜਾਬ ਸਰਕਾਰ ਦੇ ਰੂਲਾ/ਨਿਯਮਾਂ ਤਹਿਤ ਛੋਟ ਹੋਵੇਗੀ ਜੋ ਕਿ ਵੱਧ ਤੋਂ ਵੱਧ 45 ਸਾਲ ਦੀ ਉਮਰ ਤੱਕ ਹੋਵੇਗੀ।

iv) ਪੰਜਾਬ ਰਾਜ ਦੀਆਂ ਵਿਧਵਾਂ ਅਤੇ ਤਲਾਕਸ਼ੁਦਾ ਔਰਤਾਂ ਦੀ ਉਪਰਲੀ ਸੀਮਾ ਦੀ ਹੱਦ ਵਿੱਚ 42 ਸਾਲ ਤੱਕ ਦੀ ਛੋਟ ਹੋਵੇਗੀ।

v) ਪੰਜਾਬ ਦੇ ਸਰੀਰ ਪੱਖੋਂ ਵਿਲੱਖਣ ਉਮੀਦਵਾਰਾਂ ਦੀ ਉਮਰ ਹੱਦ ਸੀਮਾ ਦੀ ਹੱਦ ਵਿੱਚ 10 ਸਾਲ ਦੀ ਛੋਟ ਹੋਵੇਗੀ।

vi) ਪੰਜਾਬ ਦੇ ਸਾਬਕਾ ਫੌਜੀਆਂ ਵੱਲੋਂ ਉਹਨਾਂ ਦੀ ਫੌਜ ਵਿੱਚ ਕੀਤੀ ਸੇਵਾ ਦਾ ਸਮਾਂ ਉਹਨਾਂ ਦੀ ਉਮਰ ਵਿੱਚੋਂ ਘਟਾਉਣ ਤੋਂ ਬਾਅਦ ਬਾਕੀ ਬਚੀ ਉਮਰ ਜੇਕਰ ਸੇਵਾ ਰੂਲਾਂ ਅਨੁਸਾਰ ਅਸਾਮੀ ਦੀ ਉਪਰਲੀ ਸੀਮਾ ਤੋਂ ਤਿੰਨ ਸਾਲ ਵੱਧ ਹੋਵੇਗੀ ਤਾਂ ਉਹਨਾਂ ਨੂੰ ਉਮਰ ਸੀਮਾ ਦੀਆਂ ਸ਼ਰਤਾਂ ਤੇ ਸੰਤੁਸ਼ਟਤਾ ਦੇਣੀ ਹੋਵੇਗੀ।

6. **ਬਿਨੈ-ਪੱਤਰ ਪ੍ਰੋਸੈਸਿੰਗ ਫੀਸ:-**

| | | | |
|---|---|---|---|
| **i)** | ਜਨਰਲ ਅਤੇ ਹੋਰ ਕੈਟਾਗਰੀ ਦੇ ਉਮੀਦਵਾਰਾਂ ਲਈ | - | 1000ਰੁਪਏ |
| **ii)** | ਰਿਜ਼ਰਵ ਕੈਟਾਗਰੀ (ਐਸ.ਸੀ./ਐਸ.ਟੀ) | - | 500ਰੁਪਏ |
| **iii)** | ਸਾਬਕਾ ਸੈਨਿਕ (ਖੁੱਦ) | - | ਕੋਈ ਨਹੀਂ |

01/10/2021

ਨੋਟ:- ਸਾਬਕਾ ਸੈਨਿਕਾਂ (ਖੁਦ) ਨੂੰ ਫੀਸ ਦੀ ਅਦਾਇਗੀ ਤੋਂ ਛੋਟ ਕੇਵਲ ਇਸ ਸ਼ਰਤ ਤੇ ਦਿੱਤੀ ਜਾਵੇਗੀ ਕਿ ਉਹਨਾਂ ਨੂੰ ਭਾਰਤ ਸਰਕਾਰ ਵੱਲੋਂ ਨੌਕਰੀ ਜਾਂ ਨਿਸ਼ਚਿਤ ਆਮ ਅਰਸਾ ਮੁਕੰਮਲ ਹੋਣ ਤੋਂ ਪਹਿਲਾਂ ਜਾਂ ਖੁਦ ਦੀ ਪ੍ਰਤੀ ਬੇਨਤੀ ਤੇ ਨੌਕਰੀ ਤੋਂ ਫਾਰਗ/ਡਿਸਚਾਰਜ ਨਾਂ ਕੀਤਾ ਗਿਆ ਹੋਵੇ। ਸਾਬਕਾ ਸੈਨਿਕਾਂ ਤੇ ਆਸ਼ਰਿਤਾਂ ਨੂੰ ਲੋੜੀਂਦੀ ਨਿਰਧਾਰਿਤ ਫੀਸ ਦੀ ਅਦਾਇਗੀ ਕਰਨੀ ਹੋਵੇਗੀ ਅਤੇ ਇਸ ਅਸਾਮੀ ਲਈ **Lineal Descendents Certificate (LDC)** ਅਸਲ ਦਸਤਾਵੇਜਾਂ ਦੀ ਸਕਰੂਟਨੀ ਸਮੇਂ ਪੇਸ਼ ਕਰਨਾ ਹੋਵੇਗਾ।

7. **ਆਮ ਸ਼ਰਤਾਂ:-**

i) ਜਿਹੜੇ ਉਮੀਦਵਾਰ ਅਨੁਸੂਚਿਤ ਜਾਤੀ ਜਾਂ ਪੱਛੜੀ ਸ਼੍ਰੇਣੀ ਦੇ ਰਾਖਵਾਂਕਰਨ ਦਾ ਲਾਭ ਲੈਣਾ ਚਾਹੁੰਦੇ ਹਨ, ਉਹਨਾਂ ਦੇ ਜਾਤੀ ਸਰਟੀਫਿਕੇਟ ਜੋ ਕਿ ਸਬੰਧਤ ਸਮਰੱਥ ਅਧਿਕਾਰੀ ਵੱਲੋਂ ਜਾਰੀ ਕੀਤੇ ਗਏ ਹੋਣ, ਵਿੱਚ ਜਾਤੀ ਸਪੱਸ਼ਟ ਤੌਰ ਤੇ ਲਿਖੀ ਹੋਵੇ। ਅਨੁਸੂਚਿਤ ਜਾਤੀ ਅਤੇ ਪੱਛੜੀ ਸ਼੍ਰੇਣੀ ਦੀ ਉਹ ਇਸਤਰੀ ਉਮੀਦਵਾਰ, ਜਿਹਨਾਂ ਦੇ ਸਰਟੀਫਿਕੇਟ ਵਿਆਹ ਉਪਰੰਤ ਪਤੀ ਦੇ ਨਾਮ ਨਾਲ ਬਣੇ ਹਨ, ਉਹਨਾਂ ਇਸਤਰੀ ਉਮੀਦਵਾਰਾਂ ਨੂੰ ਸਕਰੂਟਨੀ ਸਮੇਂ ਉਹ ਸਰਟੀਫਿਕੇਟ, ਜਿਸ ਵਿੱਚ ਪਿਤਾ ਦਾ ਨਾਮ ਦਰਜ ਹੈ ਜਾਂ ਪਿਤਾ ਦਾ ਅਨੁਸੂਚਿਤ ਜਾਤੀ ਜਾਂ ਪੱਛੜੀ ਸ਼੍ਰੇਣੀ ਦਾ ਸਰਟੀਫਿਕੇਟ ਸਬੂਤ ਵਜੋਂ ਪੇਸ਼ ਕਰਨਾ ਹੋਵੇਗਾ। ਜੇਕਰ ਉਹ ਇਹ ਸਰਟੀਫਿਕੇਟ ਪੇਸ਼ ਨਹੀਂ ਕਰਦੀ ਤਾਂ ਉਸਦੀ ਪਾਤਰਤਾ ਅਨੁਸੂਚਿਤ ਜਾਤੀ ਜਾਂ ਪੱਛੜੀ ਸ਼੍ਰੇਣੀ ਜਿਹੋ ਜਿਹਾ ਵੀ ਕੇਸ ਹੋਵੇ, ਵਿੱਚ ਨਹੀਂ ਵਿਚਾਰੀ ਜਾਵੇਗੀ। ਅਨੁਸੂਚਿਤ ਜਾਤੀ ਦਾ ਰਾਖਵਾਂਕਰਨ ਪੰਜਾਬ ਅਨੁਸੂਚਿਤ ਜਾਤੀਆਂ ਅਤੇ ਪੱਛੜੀਆਂ ਸ਼੍ਰੇਣੀਆਂ (ਨੌਕਰੀਆਂ ਵਿੱਚ ਰਾਖਵਾਂਕਰਨ) ਐਕਟ, 2006 ਅਨੁਸਾਰ ਹੋਵੇਗਾ, ਪਰੰਤੂ ਉਹਨਾਂ ਦੀ ਚੋਣ ਇਸ ਸਬੰਧ ਵਿੱਚ ਮਾਣਯੋਗ ਸੁਪਰੀਮ ਕੋਰਟ ਵਿਖੇ ਪੈਂਡਿੰਗ ਕੇਸ **SLP(CIVIL) No.23507 of 2010 in CWP No 18290 of 2009,** ਪੰਜਾਬ ਸਰਕਾਰ ਅਤੇ ਹੋਰ ਬਨਾਮ ਦਵਿੰਦਰ ਸਿੰਘ ਅਤੇ ਹੋਰ ਦੇ ਅੰਤਿਮ ਫੈਸਲੇ ਦੇ ਨਿਰਭਰ ਹੋਵੇਗੀ।

ii) ਪੱਛੜੀ ਸ਼੍ਰੇਣੀ ਦਾ ਸਰਟੀਫਿਕੇਟ ਉਦੋਂ ਤੱਕ ਵੈਲਿਡ ਮੰਨਿਆ ਜਾਵੇਗਾ ਜਦੋਂ ਤੱਕ ਪ੍ਰਾਰਥੀ ਕਰੀਮੀਲੇਅਰ ਦੇ ਦਾਇਰੇ ਵਿੱਚ ਨਹੀਂ ਆ ਜਾਂਦਾ। ਪੱਛੜੀ ਸ਼੍ਰੇਣੀ ਦਾ ਲਾਭ ਪ੍ਰਾਪਤ ਕਰਨ ਲਈ ਉਮੀਦਵਾਰ ਨੂੰ ਦਸਤਾਵੇਜਾਂ ਦੀ ਸਕਰੂਟਨੀ ਸਮੇਂ ਆਪਣੀ ਪ੍ਰਤੀ ਬੇਨਤੀ ਦੇ ਨਾਲ ਇੱਕ ਘੋਸ਼ਣਾ ਪੱਤਰ ਦੇਣਾ ਹੋਵੇਗਾ ਕਿ ਉਸ ਦੇ ਸਟੇਟਸ ਵਿੱਚ ਕੋਈ ਤਬਦੀਲੀ ਨਹੀਂ ਆਈ ਅਤੇ ਉਹ ਕਰੀਮੀਲੇਅਰ ਦੇ ਦਾਇਰੇ ਵਿੱਚ ਨਹੀਂ ਆਉਂਦਾ।

iii) ਸਾਬਕਾ ਕੋਟੇ ਅਧੀਨ ਰਾਖਵਾਂਕਰਨ ਕੇਵਲ, ਪੰਜਾਬ ਦੇ ਵਸਨੀਕਾਂ ਤੇ ਹੀ ਲਾਗੂ ਹੋਵੇਗਾ। ਜੇਕਰ ਸਾਬਕਾ ਸੈਨਿਕ ਖੁਦ ਉਮੀਦਵਾਰ ਨਾ ਹੋਵੇ, ਤਾਂ ਇਹ ਰਾਖਵਾਂਕਰਨ ਆਸ਼ਰਿਤਾਂ ਲਈ ਲਾਗੂ ਹੋਵੇਗਾ। ਅਜਿਹੇ ਸਾਬਕਾ ਸੈਨਿਕ/ਆਸ਼ਰਿਤ ਸੈਨਿਕ ਸਮਰੱਥ ਅਧਿਕਾਰੀ ਵੱਲੋਂ ਜਾਰੀ ਕੀਤਾ ਗਿਆ ਲੋੜੀਂਦਾ ਅਸਲ ਸਰਟੀਫਿਕੇਟ ਦਸਤਾਵੇਜਾਂ ਦੀ ਸਕਰੂਟਨੀ ਸਮੇਂ ਪੇਸ਼ ਕਰਨਗੇ।

iv) ਸੁਤੰਤਰਤਾ ਸੈਨਾਨੀ ਕੋਟੇ ਅਧੀਨ ਰਾਖਵਾਂਕਰਨ ਲੈਣ ਵਾਲੇ ਉਮੀਦਵਾਰ ਸਰਕਾਰ ਦੇ ਪੱਤਰ ਨੰ. 16/57-97-8ਪੀ-3ਸਪੈ 503 ਮਿਤੀ 27.11.2000 ਅਨੁਸਾਰ ਸਮਰੱਥ ਅਧਿਕਾਰੀ

ਵੱਲੋਂ ਜਾਰੀ ਕੀਤਾ ਗਿਆ ਲੋੜੀਂਦਾ ਅਸਲ ਸਰਟੀਫਿਕੇਟ ਅਸਲ ਦਸਤਾਵੇਜਾਂ ਦੀ ਸਕਰੂਟਨੀ ਦੇ ਸਮੇਂ ਪੇਸ਼ ਕਰਨਗੇ।

v) ਖਿਡਾਰੀ ਕੋਟੇ ਅਧੀਨ ਰਾਖਵਾਂਕਰਨ ਲੈਣ ਵਾਲੇ ਉਮੀਦਵਾਰਾਂ ਨੂੰ ਸਕਰੂਟਨੀ ਸਮੇਂ ਸਰਟੀਫਿਕੇਟ ਪੇਸ਼ ਕਰਨਾ ਹੋਵੇਗਾ। ਜਿਸਦੀ ਡਾਇਰੈਕਟਰ ਸਪੋਰਟਸ, ਪੰਜਾਬ ਵੱਲੋਂ ਗਰੇਡਏਸ਼ਨ ਕੀਤੀ ਹੋਵੇ। ਸਪੋਰਟਸ ਕੈਟਾਗਰੀ ਵਿੱਚ ਸਿਰਫ ਸਪੋਰਟਸ ਮੈਰਿਟ ਨੂੰ ਹੀ ਆਧਾਰ ਮੰਨਿਆ ਜਾਵੇਗਾ ਜੋ ਡਾਇਰੈਕਟਰ ਸਪੋਰਟਸ ਪੰਜਾਬ ਵੱਲੋਂ ਆਪਣੇ ਨਿਯਮਾਂ ਅਨੁਸਾਰ ਤਿਆਰ ਕੀਤੀ ਜਾਵੇਗੀ।

vi) ਸਰੀਰਕ ਪੱਖੋਂ ਵਿਲੱਖਣ ਕੋਟੇ ਅਧੀਨ ਰਾਖਵਾਂਕਰਨ ਪੰਜਾਬ ਸਰਕਾਰ, ਸਮਾਜਿਕ ਸੁਰੱਖਿਆ ਅਤੇ ਇਸਤਰੀ ਅਤੇ ਬਾਲ ਵਿਕਾਸ ਵਿਭਾਗ ਦੇ ਪੱਤਰ ਨੰ. 1/1/2017-3**DC/1588894/1 dated 03.10.2019** ਅਨੁਸਾਰ ਹੋਵੇਗਾ। ਚਾਹਵਾਨ ਉਮੀਦਵਾਰ ਵਿਗਿਆਪਨ ਵਿੱਚ ਅਪਲਾਈ ਕ**ਰਨ** ਦੀ ਦਰਸਾਈ ਆਖਰੀ ਮਿਤੀ ਤੋਂ ਪਹਿਲਾਂ ਦਾ ਸਮਰੱਥ ਅਧਿਕਾਰੀ ਦੁਆਰਾ ਜਾਰੀ ਅਪਾਹਜ ਦਾ ਸਰੀਫਿਕੇਟ ਦਸਤਾਵੇਜ਼ ਸਕਰੂਟਨੀ ਸਮੇਂ ਪੇਸ਼ ਕਰੇਗਾ, ਜਿਸ ਵਿੱਚ ਉਪਰਲੀ ਜਾਂ ਹੇਠਲੀ ਅੰਗਹੀਣਤਾ ਹੱਦ ਦੇ 40% ਸਥਾਈ/ਅੰਸ਼ਿਕ ਦਰਜ ਹੋਵੇ। ਇਸ ਸਰਟੀਫਿਕੇਟ ਵਿੱਚ ਸਿਵਲ ਰੁਜ਼ਗਾਰ/ਨਿਰਧਾਰਤ ਅਸਾਮੀ ਲਈ ਫਿੱਟ ਹੋਣਾ ਵੀ ਦਰਸਾਇਆ ਜਾਣਾ ਜ਼ਰੂਰੀ ਹੈ। ਇਹ ਸਰਟੀਫਿਕੇਟ ਜ਼ਿਲ੍ਹੇ ਦੇ ਸਿਵਲ ਸਰਜਨ ਜਾਂ ਉਹਨਾਂ ਵੱਲੋਂ ਅਧਿਕਾਰਤ ਮੈਡੀਕਲ ਅਫਸਰ ਵੱਲੋਂ ਜਾਰੀ ਕੀਤਾ ਹੋਵੇ।

vii) ਇਹ ਅਸਾਮੀਆਂ **"The Punjab Civil Service (Reservation if posts for Women) Rules, 2020'** ਜੋ ਕਿ ਮਿਤੀ 21.10.2020, 29.12.2020 ਨੂੰ ਅਧਿਸੂਚਿਤ ਕੀਤੇ ਗਏ ਹਨ, ਅਨੁਸਾਰ ਭਰੀਆਂ ਜਾਣੀਆਂ ਹਨ।

viii) ਇਹ ਅਸਾਮੀਆਂ ਪੰਜਾਬ ਸਰਕਾਰ ਸਮਾਜਿਕ ਨਿਆਂ ਸਮਾਜਿਕ ਨਿਆਂ, ਅਧਿਕਾਰਤਾ ਅਤੇ ਘੱਟ ਗਿਣਤੀ ਵਿਭਾਗ, ਪੰਜਾਬ ਦੇ ਪੱਤਰ ਨੰ. 1/24/2020-**RCI/775 dated 18.12.2020** ਅਨੁਸਾਰ ਭਰੀਆਂ ਜਾਣਗੀਆਂ।

ix) ਰਾਖਵਾਂਕਰਨ ਦੀ ਨੀਤੀ ਪੰਜਾਬ ਸਰਕਾਰ ਦੀਆਂ ਸਮੇਂ-ਸਮੇਂ ਜਾਰੀ ਕੀਤੀਆਂ ਹਦਾਇਤਾਂ ਅਨੁਸਾਰ ਲਾਗੂ ਹੋਵੇਗੀ।

x) ਰਾਖਵਾਂਕਰਨ ਦਾ ਲਾਭ ਕੇਵਲ ਪੰਜਾਬ ਰਾਜ ਦੇ ਮੂਲ ਰੂਪ ਵਿੱਚ ਪੱਕੇ ਵਾਸੀਆਂ ਨੂੰ ਹੀ ਪ੍ਰਾਪਤ ਹੋਵੇਗਾ।

xi) ਉਮੀਦਵਾਰਾਂ ਵੱਲੋਂ ਭਰੀ ਗਈ ਕੈਟਾਗਰੀ ਹੀ ਅੰਤਿਮ ਮੰਨੀ ਜਾਵੇਗੀ ਅਤੇ ਉਸੇ ਕੈਟਾਗਰੀ ਵਿੱਚ ਵਿਚਾਰਿਆ ਜਾਵੇਗਾ ਜਿਸ ਵਿੱਚ ਉਮੀਦਵਾਰਾਂ ਦੀ ਫੀਸ ਭਰੀ ਗਈ / ਕੰਨਫਰਮ ਹੋਈ ਹੋਵੇ। ਕੈਟਾਗਰੀ ਸਬੰਧੀ ਕਿਸੇ ਵੀ ਪੱਧਰ ਤੇ ਕੋਈ ਤਬਦੀਲੀ ਨਹੀਂ ਕੀਤੀ ਜਾਵੇਗੀ।

01/8/2021

xii) ਜਿਹੜੇ ਉਮੀਦਵਾਰ ਵਿਮੁਕਤ ਜਾਤੀ ਨਾਲ ਸਬੰਧਤ ਹੋਣਗੇ ਉਹ ਆਨਲਾਈਨ ਅਪਲਾਈ ਕਰਨ ਸਮੇਂ SC(R&O) ਕੈਟਾਗਰੀ ਵਿੱਚ ਅਪਲਾ**ਈ** ਕਰਨਗੇ। ਵਿਮੁਕਤ ਜਾਤੀ ਦੇ

ਉਮੀਦਵਾਰਾਂ ਤੋਂ ਸਕਰੂਟਨੀ ਸਮੇਂ ਉਨ੍ਹਾਂ ਦੀ ਕੈਟਾਗਰੀ ਸਬੰਧੀ ਵੇਰਵੇ ਪ੍ਰਾਪਤ ਕਰਕੇ ਬਣਦੀ ਯੋਗ ਕਾਰਵਾਈ ਕਰ ਦਿੱਤੀ ਜਾਵੇਗੀ।

xiii) ਉਮੀਦਵਾਰ ਦਸਵੀਂ ਪੱਧਰ ਦੀ ਪੰਜਾਬੀ ਪਾਸ ਹੋਵੇਗਾ।

xiv) ਪੁਰਸ਼ ਅਤੇ ਇਸਤਰੀ ਉਮੀਦਵਾਰਾਂ ਦੀ ਸਾਂਝੀ ਮੈਰਿਟ ਬਣਾਈ ਜਾਵੇਗੀ।

xv) ਵਿਗਿਆਪਨ ਵਿੱਚ ਦਰਜ਼ ਅਸਾਮੀਆਂ ਮੈਰੀਟੋਰੀਅਸ ਸੁਸਾਇਟੀ, ਪੰਜਾਬ ਵੱਲੋਂ ਬਿਨ੍ਹਾਂ ਕਿਸੇ ਨੋਟਿਸ ਦਿੱਤੇ ਵਧਾਈਆਂ-ਘਟਾਈਆਂ ਜਾ ਸਕਦੀਆਂ ਹਨ।

xvi) ਇਸ ਵਿਗਿਆਪਨ ਨੂੰ ਕਿਸੇ ਵੀ ਕਾਰਨ ਮੈਰੀਟੋਰੀਅਸ ਸੁਸਾਇਟੀ, ਪੰਜਾਬ ਵੱਲੋਂ ਰੱਦ ਕੀਤਾ ਜਾ ਸਕਦਾ ਹੈ।

xvii) ਆਨਲਾਈ ਫਾਰਮ ਭਰਨ ਸਮੇਂ ਕਿਸੇ ਵੀ ਗਲਤੀ ਲਈ ਉਮੀਦਵਾਰ ਆਪ ਜਿੰਮੇਵਾਰ ਹੋਵੇਗਾ। ਸਿੱਖਿਆ ਭਰਤੀ ਡਾਇਰੈਕਟੋਰੇਟ, ਪੰਜਾਬ ਜਾਂ ਮੈਰੀਟੋਰੀਅਸ ਸੁਸਾਇਟੀ, ਪੰਜਾਬ ਦੀ ਇਸ ਸਬੰਧੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

xviii) ਆਨਲਾਈਨ ਅਲਾਈ ਕਰਨ ਸਮੇਂ ਉਮੀਦਵਾਰਾਂ ਨੂੰ ਸਾਈਬਰ ਕੈਫੇ ਅਟੈਂਡਟ ਦੀ ਮਦਦ ਲੈਣ ਸਮੇਂ ਆਪਣਾ ਫਾਰਮ ਆਪ ਭਰਨ ਦੀ ਸਲਾਹ ਦਿੱਤੀ ਜਾਂਦੀ ਹੈ। ਐਪਲੀਕੇਸ਼ਨ ਫਾਰਮ ਵਿੱਚ ਇੱਕ ਵਾਰਾ ਡਾਟਾ ਭਰਨ ਤੋਂ ਬਾਅਦ ਅਪਰੂਵ ਕਰਨ ਤੋਂ ਬਾਅਦ ਉਸ ਵਿੱਚ ਕੋਈ ਤਬਦੀਲੀ ਕਰਨ ਦੀ ਆਗਿਆ ਨਹੀਂ ਦਿੱਤੀ ਜਾਵੇਗੀ ਅਤੇ ਨਾ ਹੀ ਕੋਈ ਹੋਰ ਮੌਕਾ ਦਿੱਤਾ ਜਾਵੇਗਾ। ਇਸ ਸਬੰਧੀ ਕਿਸੇ ਵੀ ਪ੍ਰਕਾਰ ਦੀ ਪ੍ਰਤੀਬੇਨਤੀ ਦਫਤਰ ਵੱਲੋਂ ਸਵੀਕਾਰ ਨਹੀਂ ਕੀਤੀ ਜਾਵੇਗੀ।

xix) ਉਮੀਦਵਾਰਾਂ ਵੱਲੋਂ ਅਸਾਮੀ ਲਈ ਕੇਵਲ ਅਪਲਾਈ ਕਰਨ ਜਾਂ ਉਸ ਨੂੰ ਦਸਤਾਵੇਜਾਂ ਲਈ ਸਕਰੂਟਨੀ ਤੇ ਬੁਲਾਏ ਜਾਣ ਨਾਲ ਹੀ ਕੋਈ ਨਿਯੁਕਤੀ ਦਾ ਅਧਿਕਾਰ ਨਹੀਂ ਹੋਵੇਗਾ।

xx) ਇਸ ਭਰਤੀ ਸਬੰਧੀ ਸਿੱਖਿਆ ਭਰਤੀ ਡਾਇਰੈਕਟੋਰੇਟ, ਪੰਜਾਬ ਵੱਲੋਂ ਲਿਆ ਗਿਆ ਫੈਸਲਾ ਅੰਤਿਮ ਅਤੇ ਸਭ ਤੇ ਲਾਗੂ ਹੋਵੇਗਾ।

xxi) ਉਮੀਦਵਾਰਾਂ ਵੱਲੋਂ ਆਪਣਾ ਮੋਬਾਇਲ ਨੰਬਰ, ਈਮੇਲ ਪਤਾ, ਆਪਣਾ ਬੈਂਕ ਖਾਤਾ ਨੰਬਰ, ਬੈਂਕ ਦਾ **IFSC**, ਬ੍ਰਾਂਚ ਦਾ ਨਾਮ ਆਦਿ ਆਨ-ਲਾਈਨ ਅਪਲਾਈ ਕਰਨ ਸਮੇਂ ਫਾਰਮ ਵਿੱਚ ਭਰਿਆ ਜਾਵੇ।

xxii) ਪੰਜਾਬ ਦੇ ਵਸਨੀਕ ਸਰੀਰਕ ਵਿਲੱਖਣ ਉਮੀਦਵਾਰਾਂ ਵੱਲੋਂ ਉਪਰੋਕਤ ਅਨੁਸਾਰ ਉਹੀ ਫੀਸ ਜਮਾਂ ਕਰਵਾਈ ਜਾਵੇਗੀ, ਜਿਸ ਵਰਗ/ਸ਼੍ਰੇਣੀ ਨਾਲ ਸਬੰਧ ਰੱਖਦੇ ਹਨ। ਦਸਤਾਵੇਜਾਂ ਦੀ ਸਕਰੂਟਨੀ ਸਮੇਂ ਕੈਟਾਗਰੀ ਨਾਲ ਸਬੰਧਤ ਸਰਟੀਫਿਕੇਟ ਪੇਸ਼ ਕਰਨਾ ਲਾਜ਼ਮੀ ਹੋਵੇਗਾ।

xxiii) ਸਿਵਾਏ ਸਾਬਕਾ ਸੈਨਿਕ (ਖੁਦ) ਦੇ ਕਿਸੇ ਵੀ ਉਮੀਦਵਾਰ ਨੂੰ ਫੀਸ ਦੀ ਮੁਆਫੀ/ਛੋਟ ਨਹੀਂ ਦਿੱਤੀ ਜਾਵੇਗੀ।

xxiv) ਉਮੀਦਵਾਰਾਂ ਨੂੰ ਇਹ ਸਲਾਹ ਦਿੱਤੀ ਜਾਂਦੀ ਹੈ ਕਿ ਕਿ ਉਹ ਭਰਤੀ ਸਬੰਧੀ/ਬਾਨਾਂ ਚੰਗੀ ਤਰ੍ਹਾਂ ਨਾਲ ਪੜ੍ਹਨ ਉਪਰੰਤ ਆਪ ਖੁੱਦ ਅਪਲਾਈ ਕਰੇ ਅਤੇ ਉਹਨਾਂ ਨੂੰ ਇਹ ਵੀ ਸਲਾਹ ਦਿੱਤੀ ਜਾਂਦੀ ਹੈ ਕਿ ਉਹ ਇਸ ਭਰਤੀ ਸਬੰਧੀ **latest updates** ਦੀ ਜਾਣਕਾਰੀ ਲਈ ਵਿਭਾਗ ਦੀ ਵੈਬਸਾਈਟ www.educationrecruitmentboard.com ਤੇ ਸਮੇਂ ਸਮੇਂ ਤੇ ਚੈਕ ਕਰਦੇ

01/10/2021

ਰਹਿਣ। ਉਮੀਦਵਾਰਾਂ ਨੂੰ ਕਿਸੇ ਕਿਸਮ ਦੀ ਜਾਣਕਾਰੀ ਵਿਭਾਗ ਦੀ ਵੈਬਸਾਈਟ ਤੇ ਉਪਲੱਬਧ ਕਰਵਾਈ ਜਾਇਆ ਕਰੇਗੀ। ਕਿਸੇ ਵੀ ਕਿਸਮ ਦੀ ਕੋਈ ਜਾਣਕਾਰੀ "ਪਬਲਿਕ ਨੋਟਿਸ" / ਹੋਰ ਜਾਣਕਾਰੀ ਅਖਬਾਰਾਂ ਵਿੱਚ ਪ੍ਰਕਾਸ਼ਿਤ ਨਹੀਂ ਕਰਵਾਇਆ ਜਾਵੇਗਾ।

**ਜ਼ਰੂਰੀ ਨੋਟ:-**

ਉਮੀਦਵਾਰਾਂ ਦੀ ਵਿਦਿਅਕ/ਪ੍ਰੋਫੈਸ਼ਨਲ ਯੋਗਤਾਵਾਂ ਸਰਟੀਫਿਕੇਟ ਅਪਲਾਈ ਕਰਨ ਦੀ ਆਖਰੀ ਮਿਤੀ ਦੇ ਜਾਂ ਪਹਿਲਾਂ ਦੇ ਬਣੇ ਹੋਣ ਭਾਵ ਅਪਲਾਈ ਕਰਨ ਦੀ ਆਖਰੀ ਮਿਤੀ ਜਾਂ ਉਸ ਤੋਂ ਪਹਿਲਾਂ ਨਿਰਧਾਰਿਤ ਵਿਦਿਅਕ/ਪ੍ਰੋਫੈਸ਼ਨਲ ਯੋਗਤਾਵਾਂ ਪੂਰੀਆਂ ਕਰਦੇ ਹੋਣ। ਰਿਜ਼ਰਵੇਸ਼ਨ ਦਾ ਲਾਭ ਲੈਣ ਲਈ ਵੱਖ-ਵੱਖ ਕੈਟਾਗਰੀਆਂ ਦੇ ਸਰਟੀਫਿਕੇਟ ਜਿਵੇਂ ਕਿ ਐਸ.ਸੀ./ਐਸ.ਟੀ., ਅੰਗਹੀਣ ਅਤੇ ਹੋਰ ਲੋੜੀਂਦੇ ਸਰਟੀਫਿਕੇਟ ਆਦਿ ਸਕਰੂਟਨੀ ਸਮੇਂ ਹੀ ਜਮ੍ਹਾਂ/ਚੈਕ ਕਰਵਾਉਣ ਉਪਰੰਤ ਮੰਨਣ ਯੋਗ ਹੋਣਗੇ। ਉਸ ਤੋਂ ਬਾਅਦ ਕਿਸੇ ਵੀ ਉਮੀਦਵਾਰਾ ਦੀ ਪ੍ਰਤੀਬੇਨਤੀ ਪ੍ਰਵਾਨ ਨਹੀਂ ਕੀਤੀ ਜਾਵੇਗੀ। ਸਕਰੂਟਨੀ ਪ੍ਰਕਿਰਿਆ ਖਤਮ ਹੋਣ ਤੋਂ ਬਾਅਦ ਕਿਸੇ ਵੀ ਉਮੀਦਵਾਰ ਨੂੰ ਕੋਈ ਵੀ ਸਰਟੀਫਿਕੇਟ, ਦਸਤਾਵੇਜ਼ ਜਮ੍ਹਾਂ ਕਰਵਾਉਣ ਲਈ ਵਾਧੂ ਮੌਕਾ/ਸਮਾਂ ਨਹੀਂ ਦਿੱਤਾ ਜਾਵੇਗਾ।

**ਆਨਲਾਈਨ ਅਪਲਾਈ ਕਰਨ ਦੀ ਵਿਧੀ:-**

i. ਵੈਬਸਾਈਟ **www.educationrecruitmentboard.com**

ii. ਪਹਿਲਾਂ ਉਪਰੋਕਤ ਦਰਸਾਈ ਵੈਬਸਾਈਟ ਉੱਤੇ ਰਜਿਸਟ੍ਰੇਸ਼ਨ ਕਰਵਾਈ ਜਾਵੇਗੀ। ਰਜਿਸਟ੍ਰੇਸ਼ਨ ਕਰਵਾਉਣ ਲਈ ਇਸ ਵੈਬਸਾਈਟ ਉੱਤੇ ਦਿੱਤੇ ਲਿੰਕ New Registration ਤੇ Click ਕੀਤਾ ਜਾਵੇ ਅਤੇ ਮੰਗੀ ਗਈ ਜਾਣਕਾਰੀ ਭਰਤੀ ਜਾਵੇ। ਇੱਕ ਵਾਰ ਰਜਿਸਟ੍ਰੇਸ਼ਨ ਕਰਨ ਉਪਰੰਤ ਰਜਿਸਟ੍ਰੇਸ਼ਨ ਵਾਲੀ ਕੋਈ ਵੀ ਜਾਣਕਾਰੀ ਦੁਬਾਰਾ Update/Edit ਨਹੀਂ ਕੀਤੀ ਜਾਵੇਗੀ।

iii. ਇੱਕ ਉਮੀਦਵਾਰ ਇੱਕ ਤੋਂ ਵੱਧ ਵਿਸ਼ਿਆਂ/ਕੈਟਾਗਰੀ ਵਿੱਚ ਉਸ ਦੀ ਬਣਦੀ ਯੋਗਤਾ ਅਨੁਸਾਰ ਅਪਲਾਈ ਕਰ ਸਕਦਾ ਹੈ ਪਰ ਹਰ ਐਪਲੀਕੇਸ਼ਨ ਲਈ ਉਸਨੂੰ ਸਬੰਧਤ ਵਿਸ਼ੇ/ਕੈਟਾਗਰੀ ਦੀ ਬਣਦੀ ਫੀਸ ਵੱਖਰੇ ਤੌਰ ਤੇ ਜਮ੍ਹਾਂ ਕਰਵਾਉਣੀ ਪਵੇਗੀ।

iv. ਰਜਿਸਟ੍ਰੇਸ਼ਨ ਉਪਰੰਤ ਉਮੀਦਵਾਰ ਵੱਲੋਂ ਆਪਣੇ ਰਜਿਸਟ੍ਰੇਸ਼ਨ ਨੰਬਰ ਅਤੇ ਪਾਸਵਰਡ ਦੀ ਮੱਦਦ ਨਾਲ ਆਪਣੇ ਅਕਾਊਂਟ Login ਵਿੱਚ ਕੀਤਾ ਜਾਵੇਗਾ। ਉਮੀਦਵਾਰ ਵੱਲੋਂ Application Fee ਨਾਮ ਦੇ ਲਿੰਕ ਉੱਤੇ Click ਕਰਕੇ ਫੀਸ ਆਨਾਈਨ ਭਰੀ ਜਾ ਸਕਦੀ ਹੈ।

v. ਫੀਸ ਦੀ confirmation ਹੋਣ ਉਪਰੰਤ ਆਪਣੇ Application Form ਦਾ Print out ਜ਼ਰੂਰ ਲਿਆ ਜਾਵੇ ਅਤੇ ਇਸਨੂੰ ਸੰਭਾਲ ਕੇ ਰੱਖਿਆ ਜਾਵੇ। ਇੱਥੇ ਇਹ ਵੀ ਸਪੱਸ਼ਟ ਕੀਤਾ ਜਾਂਦਾ ਹੈ ਕਿ Application Form ਜਾਂ ਕੋਈ ਹੋਰ ਦਸਤਾਵੇਜ ਡਾਕ ਰਾਹੀਂ ਇਸ ਦਫਤਰ ਨੂੰ ਭੇਜਣ ਦੀ ਜਰੂਰਤ ਨਹੀਂ ਹੈ। ਕੋਈ ਵੀ ਦਸਤਾਵੇਜ, ਮੰਗੇ ਜਾਣ ਉਪਰੰਤ ਹੀ ਭੇਜਿਆ ਜਾਵੇ।

01/10/2021

vi. ਉਮੀਦਵਾਰਾ ਇੱਕ ਸਵੈ ਤਸਦੀਕ ਫੋਟੋ ਅਤੇ ਸਕੈਨ ਕੀਤੇ ਹਸਤਾਖਰ/ਦਸਤਖਤ ਆਨਲਾਈਨ ਆਪਲਾਈ ਕਰਨ ਸਮੇਂ ਅਪਲੋਡ ਕਰੇਗਾ।

**ਜਰੂਰੀ ਤਰੀਕਾਂ:-**

ਉਮੀਦਵਾਰ ਆਨਲਾਈਨ ਫੀਸ ਭਰਨ ਦੀ ਆਖਰੀ ਮਿਤੀ 20-10-2021 (ਸ਼ਾਮ 5.00 ਤੱਕ ) ਹੋਵੇਗੀ।

21/10/2021

**ਸਹਾਇਕ ਡਾਇਰੈਕਟਰ**

**ਸਿੱਖਿਆ ਭਰਤੀ ਡਾਇਰੈਕਟੋਰੇਟ, ਪੰਜਾਬ**